ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਕੋਰੋਨਾ ਖ਼ਿਲਾਫ਼ ਜੰਗ ਵਿੱਚ ਪੂਰੀ ਮੁਸਤੈਦੀ ਨਾਲ ਕੰਮ ਰਿਹੈ ਜ਼ਿਲ੍ਹਾ ਪ੍ਰਸ਼ਾਸਨ: ਡਿਪਟੀ ਕਮਿਸ਼ਨਰ

ਕਰਫਿਊ ਦੀ ਉਲੰਘਣਾ ਕਰਨ ਤੇ ਅਫ਼ਵਾਹਾਂ ਫੈਲਾਉਣ ਵਾਲਿਆਂ ਖਿਲਾਫ ਕੀਤੀ ਜਾ ਰਹੀ ਹੈ ਕਾਰਵਾਈ : ਜ਼ਿਲ੍ਹਾ ਪੁਲੀਸ ਮੁਖੀ

ਡੀ.ਸੀ ਤੇ ਐਸ.ਐਸ.ਪੀ. ਵੱਲੋਂ ਸੀਲ ਕੀਤੇ ਪਿੰਡ ਮੈਨੇਲੀ ਤੇ ਸੰਘੋਲ ਦਾ ਦੌਰਾ

ਪੁਲੀਸ ਮੁਲਾਜ਼ਮਾਂ ਤੇ ਵਾਲੰਟੀਅਰਾਂ ਨੂੰ ਲੋੜੀਂਦੀਆਂ ਸਾਵਧਾਨੀਆਂ ਵਰਤਣ ਦੀ ਤਾਕੀਦ

ਦੋ ਔਰਤਾਂ ਦੇ ਕੋਰੋਨਾ ਪਾਜ਼ੇਟਿਵ ਆਉਣ ਤੋਂ ਬਾਅਦ ਸੀਲ ਕੀਤੇ ਗਏ ਹਨ ਪਿੰਡ

ਖਮਾਣੋਂ/ਫਤਹਿਗੜ੍ਹ ਸਾਹਿਬ, 07 ਅਪ੍ਰੈਲ

ਜ਼ਿਲ੍ਹੇ ਵਿੱਚ ਕੋਰੋਨਾ ਸਬੰਧੀ 02 ਔਰਤਾਂ ਦੇ ਪਾਜ਼ੇਟਿਵ ਪਾਏ ਜਾਣ ਉਪਰੰਤ ਸੀਲ ਕੀਤੇ ਪਿੰਡ ਮਨੈਲੀ ਤੇ ਸੰਘੋਲ ਸਮੇਤ ਵੱਖ-ਵੱਖ ਪਿੰਡਾਂ ਦਾ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਤੇ ਜ਼ਿਲ੍ਹਾ ਪੁਲੀਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ ਵੱਲੋਂ ਦੌਰਾ ਕਰ ਕੇ ਸਥਿਤੀ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨੇ ਵੱਖ-ਵੱਖ ਥਾਈਂ ਤਾਇਨਾਤ ਪੁਲੀਸ ਮੁਲਾਜ਼ਮਾਂ ਤੇ ਵਾਲੰਟੀਅਰਾਂ ਨੂੰ ਕੋਰੋਨਾ ਤੋਂ ਬਚਾਅ ਸਬੰਧੀ ਲੋੜੀਂਦੀਆਂ ਸਾਵਧਾਨੀਆਂ ਵਰਤਣ ਦੀ ਤਾਕੀਦ ਕੀਤੀ।
ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਕੋਰੋਨਾ ਵਾਇਰਸ ਨੂੰ ਮਾਤ ਦੇਣ ਲਈ ਪੂਰੀ ਮੁਸਤੈਦੀ ਨਾਲ ਕੰਮ ਕਰ ਰਿਹਾ ਹੈ। ਬੀਤੇ ਕੱਲ੍ਹ ਜ਼ਿਲ੍ਹੇ ਵਿੱਚ 02 ਮਰੀਜ਼ਾਂ ਦੀ ਕੋਰੋਨਾ ਵਾਇਰਸ ਤੋਂ ਪੀੜਤ ਹੋਣ ਦੀ ਪੁਸ਼ਟੀ ਹੋਈ ਸੀ। ਪਾਜ਼ੇਟਿਵ ਪਾਈਆਂ ਗਈਆਂ ਦੋਵੇਂ ਔਰਤਾਂ ਔਰੰਗਾਬਾਦ, ਮਹਾਰਾਸ਼ਟਰ ਤੋਂ ਨਿਜ਼ਾਮੂਦੀਨ ਹੁੰਦੀਆਂ ਹੋਈਆਂ ਜ਼ਿਲ੍ਹੇ ਦੇ ਪਿੰਡ ਮਨੈਲੀ ਪੁੱਜੀਆਂ ਸਨ। ਇਸ ਤੋਂ ਇਲਾਵਾ ਇਹ ਦੋਵੇਂ ਔਰਤਾਂ ਜ਼ਿਲ੍ਹੇ ਦੇ ਪਿੰਡ ਸਾਨੀਪੁਰ ਅਤੇ ਸੰਘੋਲ ਵਿਖੇ ਵੀ ਕੁਝ ਚਿਰ ਰਹੀਆਂ ਸਨ। ਬੀਤੇ ਦਿਨੀਂ ਇਨ੍ਹਾਂ ਨੂੰ ਕਮਿਊਨਿਟੀ ਹੈਲਥ ਸੈਂਟਰ ਖਮਾਣੋਂ ਵਿਖੇ ਆਈਸੋਲੇਸ਼ਨ ਵਾਰਡ ਵਿਚ ਰੱਖਿਆ ਗਿਆ ਸੀ ਤੇ ਇਨ੍ਹਾਂ ਦੀਆਂ ਰਿਪੋਰਟਾਂ ਪਾਜ਼ੇਟਿਵ ਆਉਣ 'ਤੇ ਇਨ੍ਹਾਂ ਨੂੰ ਗਿਆਨ ਸਾਗਰ ਹਸਪਤਾਲ, ਬਨੂੜ ਭੇਜਿਆ ਗਿਆ ਹੈ।
ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੋਰੋਨਾ ਵਾਇਰਸ ਨੂੰ ਫੈਲਣ ਤੋਂ ਰੋਕਣ ਲਈ ਪਿੰਡ ਸਾਨੀਪੁਰ, ਸੰਘੋਲ ਅਤੇ ਮਨੈਲੀ ਨੂੰ ਸੀਲ ਕੀਤਾ ਗਿਆ ਹੈ ਅਤੇ ਕੋਰੋਨਾ ਪੀੜਤ ਮਰੀਜ਼ਾਂ ਦੇ ਸੰਪਰਕ ਵਿੱਚ ਆਏ ਵਿਅਕਤੀਆਂ ਨੂੰ ਟਰੇਸ ਕਰ ਕੇ ਇਕਾਂਤਵਾਸ ਕੀਤਾ ਗਿਆ ਤੇ ਨਾਲ ਹੀ ਸੈਂਪਲ ਲਏ ਗਏ ਹਨ। ਉਨ੍ਹਾਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਬਿਮਾਰੀ ਨੂੰ ਫੈਲਣ ਤੋਂ

ਰੋਕਣ ਲਈ ਸਾਰੇ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ ਅਤੇ ਉਪਰੋਕਤ ਪਿੰਡਾਂ ਸਮੇਤ ਜ਼ਿਲ੍ਹੇ ਦੇ ਸਾਰੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਵਿਸ਼ੇਸ਼ ਤੌਰ 'ਤੇ ਸੈਨੀਟਾਈਜੇਸ਼ਨ ਵੀ ਕਰਵਾਈ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਵਿਚਲੇ ਹਸਪਤਾਲਾਂ ਤੇ ਸਿਹਤ ਸੰਸਥਾਵਾਂ ਵਿੱਚ ਕੋਰੋਨਾ ਵਾਇਰਸ ਨੂੰ ਮਾਤ ਦੇਣ ਸਬੰਧੀ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ ਅਤੇ ਹਸਪਤਾਲਾਂ ਜਾਂ ਸਿਹਤ ਸੰਸਥਾਵਾਂ ਵਿੱਚ ਜਿੰਨੇ ਵੀ ਆਈਸੋਲੇਸ਼ਨ ਵਾਰਡ ਬਣਾਏ ਗਏ ਹਨ, ਉਨ੍ਹਾਂ ਵਿੱਚ ਪੂਰੇ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਉਥੇ ਆਉਣ ਵਾਲੇ ਕਿਸੇ ਵੀ ਵਿਅਕਤੀ ਨੂੰ ਕੋਈ ਦਿੱਕਤ ਨਾ ਆਵੇ।

ਇਸ ਮੌਕੇ ਜ਼ਿਲ੍ਹਾ ਪੁਲੀਸ ਮੁਖੀ ਸ਼੍ਰੀਮਤੀ ਅਮਨੀਤ ਕੌਂਡਲ ਨੇ ਕਿਹਾ ਕਿ ਜ਼ਿਲ੍ਹਾ ਪੁਲੀਸ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਅ ਰਹੀ ਹੈ ਤੇ ਲੋਕਾਂ ਦੇ ਭਲੇ ਲਈ ਹੀ ਲਾਏ ਗਏ ਕਰਫਿਊ ਦੀ ਉਲੰਘਣਾ ਕਰਨ ਵਾਲਿਆਂ ਤੇ ਅਫ਼ਵਾਹਾਂ ਫੈਲਾਉਣ ਵਾਲਿਆਂ ਖਿਲਾਫ ਕਾਰਵਾਈ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਘਰਾਂ ਵਿੱਚ ਰਹਿ ਕੇ ਹੀ ਉਹ ਕੋਰੋਨਾ ਖਿਲਾਫ ਜੰਗ ਵਿੱਜਚ ਸਰਕਾਰ ਨੂੰ ਸਹਿਯੋਗ ਦੇਣ। ਇਸ ਮੌਕੇ ਐਸ.ਪੀ. (ਡੀ) ਹਰਪਾਲ ਸਿੰਘ, ਡੀ.ਐਸ.ਪੀ. ਧਰਮਪਾਲ ਸਿੰਘ ਵੀ ਹਾਜ਼ਰ ਸਨ।

-------------------------------------------------------------------

ਦਫ਼ਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫ਼ਤਹਿਗੜ੍ਹ ਸਾਹਿਬ

ਕੋਵਿਡ-19 ਵਿਰੁੱਧ ਸੰਘਰਸ਼ ਵਿੱਚ ਸਰਕਾਰ ਨੂੰ ਸਹਿਯੋਗ ਦੇਣ ਲੋਕ

ਨੋਵੇਲ ਕੋਰੋਨਾ ਵਾਇਰਸ ਤੋਂ ਬਚਾਅ ਸਬੰਧੀ ਲੋੜੀਂਦੀਆਂ ਸਾਵਧਾਨੀਆਂ ਵਰਤੀਆਂ ਜਾਣ

ਸਿਵਲ ਸਰਜਨ ਨੇ ਵਿਸ਼ਵ ਸਿਹਤ ਦਿਵਸ ਮੌਕੇ ਲੋਕਾਂ ਨੂੰ ਕੀਤੀ ਅਪੀਲ

ਫ਼ਤਹਿਗੜ੍ਹ ਸਾਹਿਬ, 07 ਅਪ੍ਰੈਲ :

ਸਿਵਲ ਸਰਜਨ ਡਾ. ਐਨ.ਕੇ. ਅਗਵਾਲ ਨੇ ਅੱਜ ਵਿਸ਼ਵ ਸਿਹਤ ਦਿਵਸ ਦੇ ਮੌਕੇ 'ਤੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਕੋਵਿਡ-19 ਵਿਰੁੱਧ ਸੰਘਰਸ਼ ਵਿੱਚ ਸਰਕਾਰ ਨੂੰ ਪੂਰਨ ਸਹਿਯੋਗ ਦਿੱਤਾ ਜਾਵੇ ਅਤੇ ਨਾਲ ਹੀ ਡਾਕਟਰਾਂ, ਨਰਸਾਂ, ਸਿਹਤ

ਕਾਮਿਆਂ, ਪੁਲਿਸ ਮੁਲਾਜ਼ਮਾਂ ਤੇ ਸਫਾਈ ਕਰਮਚਾਰੀਆਂ ਨੂੰ ਵੀ ਸਹਿਯੋਗ ਦਿੱਤਾ ਜਾਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਕੋਰੋਨਾ ਵਾਇਰਸ ਵਰਗੀ ਭਿਆਨਕ ਮਹਾਂਮਾਰੀ ’ਤੇ ਜਲਦੀ ਕਾਬੂ ਪਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਕੋਵਿਡ-19 ਦੀ ਚੇਨ ਨੂੰ ਤੋੜਨ ਲਈ ਸੋਸ਼ਲ ਡਿਸਟੈਂਸ ਬਣਾਕੇ ਰੱਖਣਾ ਬਹੁਤ ਜ਼ਰੂਰੀ ਹੈ। ਇਸ ਲਈ ਹਰੇਕ ਵਿਅਕਤੀ ਤੋਂ ਘੱਟੋ ਘੱਟ ਇੱਕ ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਲਾਕਡਾਊਨ ਤੇ ਕਰਫਿਊ ਦੌਰਾਨ ਆਪਣੇ ਘਰਾਂ ਵਿੱਚ ਰਹੋ ਅਤੇ ਬਿਨਾਂ ਕਿਸੇ ਐਮਰਜੰਸੀ ਤੋਂ ਘਰੋਂ ਬਾਹਰ ਨਾ ਨਿਕਲਿਆ ਜਾਵੇ।

ਸਿਵਲ ਸਰਜਨ ਨੇ ਕਿਹਾ ਕਿ ਖੰਘਦੇ ਜਾਂ ਛਿੱਕਦੇ ਸਮੇਂ ਆਪਣਾ ਮੂੰਹ ਤੇ ਨੱਕ ਰੁਮਾਲ ਨਾਲ ਚੰਗੀ ਤਰ੍ਹਾਂ ਢੱਕ ਕੇ ਰੱਖਿਆ ਜਾਵੇ। ਆਪਣੇ ਹੱਥਾਂ ਨੂੰ ਵਾਰ-ਵਾਰ ਸਾਬਣ ਤੇ ਪਾਣੀ ਨਾਲ ਘੱਟ ਤੋਂ ਘੱਟ 20 ਸਕਿੰਟ ਲਈ ਜ਼ਰੂਰੀ ਧੋਇਆ ਜਾਵੇ ਜਾਂ ਸੈਨੀਟਾਈਜ਼ਰ ਨਾਲ ਸਾਫ ਕੀਤਾ ਜਾਵੇ। ਆਪਣੀ ਅਤੇ ਆਪਣੇ ਪਰਿਵਾਰਕ ਮੈਂਬਰਾਂ ਦੀ ਸਿਹਤ ਦਾ ਧਿਆਨ ਰੱਖਿਆ ਜਾਵੇ ਅਤੇ ਕਿਸੇ ਵੀ ਤਰ੍ਹਾਂ ਦੇ ਫਲੂ ਵਰਗੇ ਲੱਛਣ ਹੋਣ ਤਾਂ ਟੌਲ ਫਰੀ ਨੰ: 104 ਜਾਂ ਸਿਹਤ ਵਿਭਾਗ ਵੱਲੋਂ ਜਾਰੀ ਕੀਤੇ ਹੈਲਪ ਲਾਈਨ ਨੰ: 01763-232136 ’ਤੇ ਸੰਪਰਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਮੇਂ-ਸਮੇਂ ’ਤੇ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵੱਲੋਂ ਦਿੱਤੀਆਂ ਜਾ ਰਹੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਜਾਵੇ।

----------------------------------------------------------------

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਦੀ ਸਹੂਲਤ ਲਈ 05 ਨਵੇਂ ਕਾਲ ਸੈਂਟਰ ਸਥਾਪਿਤ

ਪਹਿਲਾਂ ਵੀ ਕਾਰਜਸ਼ੀਲ ਹਨ 04 ਕਾਲ ਸੈਂਟਰ ਤੇ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ

ਕਰਫਿਊ ਦੌਰਾਨ ਦਰਪੇਸ਼ ਮੁਸ਼ਕਿਲਾਂ ਦੇ ਹੱਲ ਲਈ ਕੀਤਾ ਜਾ ਸਕਦਾ ਹੈ ਸੰਪਰਕ

ਡਿਪਟੀ ਕਮਿਸ਼ਨਰ ਵੱਲੋਂ ਲੋਕਾਂ ਨੂੰ ਘਰਾਂ ਵਿਚ ਹੀ ਰਹਿਣ ਦੀ ਅਪੀਲ

ਫ਼ਤਹਿਗੜ੍ਹ ਸਾਹਿਬ, 07 ਅਪ੍ਰੈਲ

ਕੋਰੋਨਾ ਵਾਇਰਸ ਕੋਵਿਡ-19 ਕਾਰਨ ਪੈਦਾ ਹੋਈ ਸਥਿਤੀ ਦੇ ਮੱਦੇਨਜ਼ਰ ਆਮ ਲੋਕਾਂ ਦੀ ਸਹੂਲਤ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਹਿਲਾਂ ਚਲਾਏ ਜਾ ਰਹੇ ਕਾਲ ਸੈਂਟਰਾਂ ਤੇ ਕੰਟਰੋਲ ਰੂਮ ਦੇ ਨਾਲ-ਨਾਲ 05 ਨਵੇਂ ਕਾਲ ਸੈਂਟਰ ਬਣਾਏ ਗਏ ਹਨ, ਜਿਨ੍ਹਾਂ ਦੇ ਨੰਬਰਾਂ 'ਤੇ ਸੰਪਰਕ ਕਰ ਕੇ ਲੋਕ ਕਰਫਿਊ ਦੌਰਾਨ ਅਪਣੀਆਂ ਸਮੱਸਿਆਵਾਂ ਹੱਲ ਕਰਵਾ ਸਕਦੇ ਹਨ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਟਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਨਵੇਂ ਸਥਾਪਿਤ ਕੀਤੇ ਕਾਲ ਸੈਂਟਰਾਂ ਦੇ ਨੰਬਰ 01763-232285, 01763-233934, 01763-233935, 01763-233936, 01763-233937 ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਸਬਡਵੀਜ਼ਨ ਪੱਧਰ 'ਤੇ ਵੀ ਕਾਲ ਸੈਂਟਰ ਸਥਾਪਿਤ ਕੀਤੇ ਗਏ ਹਨ। ਜੇਕਰ ਜ਼ਿਲ੍ਹੇ ਦੇ ਵਸਨੀਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਆਉਂਦੀ ਹੈ ਤਾਂ ਇਨ੍ਹਾਂ ਕਾਲ ਸੈਂਟਰਾਂ ਦੇ ਨੰਬਰਾਂ 'ਤੇ ਵੀ ਸੰਪਰਕ  ਕੀਤਾ ਜਾ ਸਕਦਾ ਹੈ। ਫਤਹਿਗੜ੍ਹ ਸਾਹਿਬ ਲਈ ਕਾਲ ਸੈਂਟਰ ਦਾ ਨੰਬਰ 01763-232838, ਬਸੀ ਪਠਾਣਾ ਲਈ ਕਾਲ ਸੈਂਟਰ ਦਾ ਨੰਬਰ 01763-232165, ਅਮਲੋਹ ਲਈ ਕਾਲ ਸੈਂਟਰ ਦਾ ਨੰਬਰ 01763-232498 ਅਤੇ ਖਮਾਣੋਂ ਲਈ ਕਾਲ ਸੈਂਟਰ ਦਾ ਨੰਬਰ 01763-233845 ਹੈ। ਜ਼ਿਲ੍ਹੇ ਸਬੰਧੀ ਜਨਰਲ ਹੈਲਪ ਲਾਈਨ (ਕੰਟਰੋਲ ਰੂਮ ) ਨੰ: 01763-232217 ਹੈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਲਾਏ ਗਏ ਕਰਫਿਊ ਦੌਰਾਨ ਲੋਕਾਂ ਨੂੰ ਦਿੱਕਤਾਂ ਦਾ ਸਾਹਮਣਾ ਨਾ ਕਰਨਾ ਪਵੇ ਇਸ ਲਈ ਖਾਣ ਪੀਣ ਦੀਆਂ ਸਾਰੀਆਂ ਲੋੜੀਂਦੀਆਂ ਵਸਤਾਂ ਜਿਵੇਂ ਕਿ ਦੁੱਧ, ਸਬਜ਼ੀਆਂ, ਰਾਸ਼ਨ ਦੇ ਨਾਲ ਨਾਲ ਗੈਸ ਸਿਲੰਡਰ ਤੇ ਦਵਾਈਆਂ ਲਗਾਤਾਰ ਘਰ-ਘਰ ਪੁੱਜਦੀਆਂ ਕੀਤੀਆਂ ਜਾ ਰਹੀਆਂ ਹਨ।ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਘਰਾਂ ਵਿਚ ਰਹਿ ਕਿ ਹੀ ਕੋਰੋਨਾ ਵਾਇਰਸ ਨੂੰ ਠੱਲ੍ਹ ਪਾਉਣ ਵਿੱਚ ਸਰਕਾਰ ਨੂੰ ਸਹਿਯੋਗ ਦੇਣ।